19-Oct-KPT-5-6-7-8.qxd 10/20/2025 12:43 AM Page 2

ਸ਼੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

ਰੇਡੀਓ

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ 20 ਅਕਤੂਬਰ ਨੂੰ ਸ਼ਾਮ 4.00 ਤੋਂ 6.00 ਵਜੇ ਤੱਕ ਭਾਈ ਸਿਮਰਨਜੀਤ ਸਿੰਘ ਅਤੇ 21 ਅਕਤੂਬਰ ਨੂੰ ਸਵੇਰੇ 4.00 ਤੋਂ 6.00 ਵਜੇ ਤੱਕ ਭਾਈ ਸਤਿੰਦਰਬੀਰ ਸਿੰਘ 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ 20 ਅਕਤੂਬਰ ਨੂੰ ਸ਼ਾਮ 5.00 ਤੋਂ 7.00 ਵਜੇ ਤੱਕ ਭਾਈ ਸਿਮਰਨਜੀਤ ਸਿੰਘ, ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' ਭਾਈ ਜਗਤਾਰ ਸਿੰਘ ਖ਼ ਤੇ 21 ਅਕਤੂਬਰ ਨੂੰ ਸਵੇਰੇ 3.45 ਵਜੇ ਤੋਂ 7.45 ਵਜੇ ਤੱਕ ਭਾਈ ਸਤਿੰਦਰਬੀਰ ਸਿੰਘ ਤੇ ਭਾਈ ਸਾਹਿਬ ਸਿੰਘ ਕੀਰਤਨ ਕਰਨਗੇ।

ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 3.45 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 6.00 ਵਜੇ ਤੋਂ 8.00 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।

ਮੁੱਖ ਵਾਕ ਦੀ ਕਥਾ : 20 ਅਕਤੂਬਰ ਅਤੇ 21 ਅਕਤੂਬਰ ਨੂੰ ਭਾਈ ਸਾਹਿਬ ਭਾਈ ਪਿੰਦਰਪਾਲ ਸਿੰਘ ਲੁਧਿਆਣਾ ਗੁ: ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

ਸ਼ਬਦ ਗੁਰੂ ਪ੍ਰਚਾਰ ਸਭਾ ਵਲੋਂ ਸਟੇਟ ਗੁਰਦੁਆਰਾ ਸਾਹਿਬ ਵਿਚ ਸਮੂਹਿਕ ਸ੍ਰੀ ਸਹਿਜ ਪਾਠਾਂ ਦੇ ਭੋਗ ਪਾਏ

• ਸੰਗਤਾਂ ਗੁਰਬਾਣੀ ਆਧਾਰਿਤ ਜੀਵਨ ਬਤੀਤ ਕਰਨ-ਜਥੇ. ਜਰਨੈਲ ਸਿੰਘ ਡੋਗਰਾਂਵਾਲਾ • ਲੰਗਰ ਦੀਆਂ ਸੇਵਾਵਾਂ ਨਿਭਾਉਣ ਵਾਲੇ ਆਨੰਦ ਤੇ ਬੇਦੀ ਪਰਿਵਾਰ ਦਾ ਸਭਾ ਵਲੋਂ ਸਨਮਾਨ

ਕਪੂਰਥਲਾ, 19 ਅਕਤੂਬਰ (ਅਮਰਜੀਤ ਕੋਮਲ)-ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸ਼ਬਦ ਗੁਰੂ ਪ੍ਰਚਾਰ ਸਭਾ ਵਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸਮੂਹਿਕ ਸ੍ਰੀ ਸਹਿਜ ਪਾਠਾਂ ਦੇ ਭੋਗ ਸਥਾਨਕ ਸਟੇਟ ਗੁਰਦੁਆਰਾ ਸਾਹਿਬ ਵਿਚ ਪਾਏ ਗਏ। ਸਮਾਗਮ ਦੀ ਆਰੰਭਤਾ ਮੌਕੇ ਗੁਰਦੁਆਰਾ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਪਲਵਿੰਦਰ ਸਿੰਘ ਸਾਰੰਗ ਨੇ ਰਸਭਿੰਨੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ। ਉਪਰੰਤ ਜਿਨ੍ਹਾਂ ਸੰਗਤਾਂ ਨੇ 6 ਮਹੀਨੇ ਪਹਿਲਾਂ ਸ੍ਰੀ ਸਹਿਜ ਪਾਠ ਆਰੰਭ ਕੀਤੇ ਸਨ, ਉਨ੍ਹਾਂ ਨੇ ਸ੍ਰੀ ਸਹਿਜ ਪਾਠ ਦੇ ਭੋਗ ਪਾਏ। ਉਪਰੰਤ ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਭਾਈ ਸਤਨਾਮ ਸਿੰਘ ਨੇ ਗੁਰੂ ਪਾਤਸ਼ਾਹ ਸਨਮੁੱਖ ਸਰਬਤ ਦੇ ਭਲੇ ਅਤੇ ਨਿਰਵਿਘਨਤਾ ਸਹਿਤ ਦੁਬਾਰਾ ਸ੍ਰੀ ਸਹਿਜ ਪਾਠ ਆਰੰਭ ਕਰਨ ਸਬੰਧੀ ਅਰਦਾਸ ਕੀਤੀ। ਉਨ੍ਹਾਂ ਕਿਹਾ ਕਿ ਆਤਮਿਕ ਸ਼ਾਂਤੀ ਤੇ ਸ਼ੁੱਧੀ ਲਈ ਗੁਰਬਾਣੀ ਹੀ ਇਕਮਾਤਰ ਸਹਾਰਾ ਹੈ, ਇਸ ਲਈ ਸੰਗਤਾਂ ਨੂੰ ਗੁਰਬਾਣੀ ਅਨੁਸਾਰ ਆਪਣਾ ਜੀਵਨ ਬਤੀਤ ਕਰਨਾ ਚਾਹੀਦਾ ਹੈ। ਇਸ ਮੌਕੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਮੈਂਬਰ ਜਥੇ. ਜਰਨੈਲ ਸਿੰਘ ਡੋਗਰਾਂਵਾਲਾ ਨੇ ਸਮੂਹ ਸੰਗਤਾਂ ਨੂੰ ਗੁਰਬਾਣੀ ਅਨੁਸਾਰ ਜੀਵਨ ਜਿਊਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਬੋਲਦਿਆਂ ਸਭਾ ਦੇ ਪ੍ਰਧਾਨ ਚਰਨਜੀਤ ਸਿੰਘ ਵਾਲੀਆ ਨੇ ਕਿਹਾ ਕਿ ਗੁਰਬਾਣੀ ਸਾਡੀ ਮਨੁੱਖਤਾ ਲਈ ਕਲਿਆਣਕਾਰੀ ਹੈ, ਜੋ ਸਾਨੂੰ ਜੀਵਨ ਰੂਪੀ ਫ਼ਰਜ਼ਾਂ ਦੀ ਸਾਰਥਿਕਤਾ ਵੱਲ ਪ੍ਰੇਰਿਤ ਕਰਦੀ ਹੈ। ਸਭਾ ਦੇ ਜਨਰਲ ਸਕੱਤਰ ਸੁਖਵਿੰਦਰ ਮੋਹਨ ਸਿੰਘ ਭਾਟੀਆ ਨੇ ਮੰਚ ਸੰਚਾਲਨ ਦੇ ਫ਼ਰਜ਼ ਨਿਭਾਏ। ਉਨ੍ਹਾਂ ਕਿਹਾ ਕਿ ਅੱਜ ਲਗਭਗ 250 ਦੇ ਕਰੀਬ ਸੰਗਤਾਂ ਨੇ ਸਹਿਜ ਪਾਠ ਆਰੰਭ ਕੀਤੇ, ਇਨ੍ਹਾਂ ਪਾਠਾਂ ਦੇ ਭੋਗ ਅਗਲੇ ਸਾਲ 19 ਅਪ੍ਰੈਲ ਨੂੰ ਸਟੇਟ ਗੁਰਦੁਆਰਾ ਸਾਹਿਬ ਵਿਚ ਪਾਏ ਜਾਣਗੇ। ਇਸ ਮੌਕੇ ਸ਼ਬਦ ਗੁਰੂ ਪ੍ਰਚਾਰ ਸਭਾ ਵਲੋਂ ਲੰਗਰਾਂ ਦੀ ਸੇਵਾ ਲੈਣ ਵਾਲੇ ਆਨੰਦ ਅਤੇ ਬੇਦੀ ਪਰਿਵਾਰ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਐਡਵੋਕੇਟ ਪਰਮਜੀਤ ਸਿੰਘ ਸ਼ੇਖੂਪੁਰ, ਭਾਈ ਮੋਹਕਮ ਸਿੰਘ, ਹਰਜੀਤ ਸਿੰਘ ਭਾਟੀਆ, ਭਾਈ ਦਿਲਬਾਗ ਸਿੰਘ, ਭਾਈ ਉਪਕਾਰ ਸਿੰਘ, ਸਰਬਜੀਤ ਸਿੰਘ, ਗੁਰਮੇਜ ਸਿੰਘ, ਜਥੇ. ਰਛਪਾਲ ਸਿੰਘ ਸਿਟੀ ਕੇਬਲ, ਪਰਮਿੰਦਰ ਸਿੰਘ ਹੈਪੀ, ਮਨਮੋਹਨ ਸਿੰਘ, ਸਵਰਨ ਸਿੰਘ ਗਾਬੜੀਆ, ਜਸਬੀਰ ਸਿੰਘ ਆਨੰਦ, ਹਰਵਿੰਦਰ ਸਿੰਘ, ਤਰਵਿੰਦਰ ਮੋਹਨ ਸਿੰਘ ਭਾਟੀਆ, ਪ੍ਰੋ. ਭੁਪਿੰਦਰ ਸਿੰਘ, ਸੁਖਜੀਤ ਸਿੰਘ, ਆਤਮਜੀਤ ਸਿੰਘ ਵਾਲੀਆ, ਦਵਿੰਦਰ ਸਿੰਘ ਦੇਵ, ਭਾਈ ਜਸਵਿੰਦਰ ਸਿੰਘ, ਧੰਨਪ੍ਰੀਤ ਸਿੰਘ ਭਾਟੀਆ, ਗੁਰਸ਼ਰਨ ਸਿੰਘ, ਹਰਦਿਆਲ ਸਿੰਘ, ਸੁਖਜੀਤ ਸਿੰਘ ਬਾਂਸਲ, ਸੁਰਿੰਦਰ ਸਿੰਘ ਆਦਿ ਹਾਜ਼ਰ ਸਨ।

ਸ਼ਬਦ ਗੁਰੂ ਪ੍ਰਚਾਰ ਸਭਾ ਵਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਸਟੇਟ ਗੁਰਦੁਆਰਾ ਸਾਹਿਬ ਵਿਚ ਸਮੂਹਿਕ ਸ੍ਰੀ ਸਹਿਜ ਪਾਠਾਂ ਦੇ ਭੋਗ ਉਪਰੰਤ ਸਭਾ ਦੇ ਪ੍ਰਧਾਨ ਚਰਨਜੀਤ ਸਿੰਘ ਵਾਲੀਆ, ਲੰਗਰ ਦੀਆਂ ਸੇਵਾਵਾਂ ਨਿਭਾਉਣ ਵਾਲੇ ਆਨੰਦ ਅਤੇ ਬੇਦੀ ਪਰਿਵਾਰ ਨੂੰ ਸਨਮਾਨਿਤ ਕਰਦੇ ਹੋਏ। ਤਸਵੀਰ ਵਿਚ ਸੁਖਵਿੰਦਰ ਮੋਹਨ ਸਿੰਘ ਭਾਟੀਆ, ਭਾਈ ਸਤਨਾਮ ਸਿੰਘ, ਰਸ਼ਪਾਲ ਸਿੰਘ ਸਿਟੀ ਕੇਬਲ ਵਾਲੇ ਤੇ ਹਰਜੀਤ ਸਿੰਘ ਭਾਟੀਆ ਦਿਖਾਈ ਦੇ ਰਹੇ ਹਨ। ਤਸਵੀਰ. ਤਿਲਕਰਾਜ

ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਗਰੀਨ ਦੀਵਾਲੀ ਮਨਾਉਣ ਸਮੇਂ ਇੰਜ. ਹਰਨਿਆਮਤ ਕੌਰ, ਇੰਜ. ਨਿਮਰਤਾ ਕੌਰ, ਪ੍ਰਿੰਸੀਪਲ ਰੇਨੂੰ ਅਰੋੜਾ ਤੇ ਸਟਾਫ਼ ਮੈਂਬਰ। ਤਸਵੀਰ. ਲਾਡੀ ਸਟੂਡੀਓ

ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ 'ਚ ਗਰੀਨ ਦੀਵਾਲੀ ਮਨਾਈ

ਸੁਲਤਾਨਪੁਰ ਲੋਧੀ, 19 ਅਕਤੂਬਰ (ਥਿੰਦ)-ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਪ੍ਰਿੰਸੀਪਲ ਰੇਨੂੰ ਅਰੋੜਾ ਦੀ ਅਗਵਾਈ ਵਿਚ ਗਰੀਨ ਦੀਵਾਲੀ ਮਨਾਈ ਗਈ। ਜਿਸ ਦੀ ਸ਼ੁਰੂਆਤ ਸਵੇਰ ਦੀ ਸਪੈਸ਼ਲ ਅਸੈਂਬਲੀ ਵਿਚ ਸ਼ਬਦ ਗਾਇਣ ਨਾਲ ਕੀਤੀ ਗਈ । ਇਸ ਦੌਰਾਨ ਵਿਦਿਆਰਥੀਆਂ ਨੇ ਭਾਸ਼ਣ, ਕਵਿਤਾਵਾਂ, ਗੀਤਾਂ ਤੇ ਕਵੀਸ਼ਰੀ ਰਾਹੀਂ ਦੀਵਾਲੀ ਦੇ ਤਿਉਹਾਰ ਦੀ ਮਹੱਤਤਾ 'ਤੇ ਚਾਨਣਾ ਪਾਇਆ। ਦੀਵਾਲੀ ਨਾਲ ਸੰਬੰਧਿਤ ਐਕਟੀਵਿਟੀ ਵਿਚ ਕੇ.ਜੀ. ਵਿੰਗ ਦੇ ਵਿਦਿਆਰਥੀਆਂ ਵੱਲੋਂ ਬਹੁਤ ਹੀ ਸੁੰਦਰ ਰੰਗੋਲੀਆਂ ਬਣਾਈਆਂ ਗਈਆਂ, ਪ੍ਰਾਇਮਰੀ ਵਿੰਗ ਦੇ ਵਿਦਿਆਰਥੀਆਂ ਵੱਲੋਂ ਦੀਆ ਤੇ ਕੈਂਡਲ ਡੈਕੋਰੇਸ਼ਨ ਐਕਟੀਵਿਟੀ ਤੇ ਸੀਨੀਅਰ ਵਿਦਿਆਰਥੀਆਂ ਇੰਟਰ ਹਾਊਸ ਰੰਗੋਲੀ ਮੇਕਿੰਗ ਮੁਕਾਬਲਾ ਪ੍ਰਤੀਯੋਗਤਾ ਵਿਚ ਹਿੱਸਾ ਲਿਆ। ਜਿਸ ਵਿਚ ਸਾਹਿਬਜ਼ਾਦਾ ਜੁਝਾਰ ਸਿੰਘ ਹਾਊਸ ਜੇਤੂ ਰਿਹਾ। ਸਾਹਿਬਜ਼ਾਦਾ ਅਜੀਤ ਸਿੰਘ ਹਾਊਸ ਦੂਸਰੇ ਤੇ ਸਾਹਿਬਜ਼ਾਦਾ ਜ਼ੋਰਾਵਰ ਸਿੰਘ ਹਾਊਸ ਤੇ ਫ਼ਤਿਹ ਸਿੰਘ ਹਾਊਸ ਸਾਂਝੇ ਤੌਰ ਰੂਪ 'ਚ ਤੀਜੇ ਸਥਾਨ 'ਤੇ ਰਿਹਾ। ਇਸ ਤੋਂ ਇਲਾਵਾ ਵਿਦਿਆਰਥੀਆਂ ਦੁਆਰਾ ਆਪਣੀਆਂ ਕਲਾਸਾਂ ਦੀ ਕੀਤੀ ਗਈ ਸਜਾਵਟ ਖਿੱਚ ਦਾ ਕੇਂਦਰ ਬਣੀ ਰਹੀ। ਪ੍ਰਿੰਸੀਪਲ ਰੇਨੂੰ ਅਰੋੜਾ ਦੁਆਰਾ ਵਿਦਿਆਰਥੀਆਂ ਨੂੰ ਪਟਾਕਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਗਰੂਕ ਕਰਦੇ ਹੋਏ ਗਰੀਨ ਦੀਵਾਲੀ ਮਨਾਉਣ ਲਈ ਪ੍ਰੇਰਿਤ ਕੀਤਾ । ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਇੰਜ. ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖ਼ਾਲਸਾ ਕਾਲਜ ਸੁਲਤਾਨਪੁਰ ਲੋਧੀ, ਸਕੂਲ ਡਾਇਰੈਕਟਰ ਇੰਜ. ਹਰਨਿਆਮਤ ਕੌਰ, ਪ੍ਰਸ਼ਾਸਕ ਇੰਜ. ਨਿਮਰਤਾ ਕੌਰ ਨੇ ਸਟਾਫ਼ ਮੈਂਬਰਾਂ ਅਤੇ ਵਿਦਿਆਰਥੀਆਂ ਨੂੰ ਦੀਵਾਲੀ ਦੀਆ ਸ਼ੁੱਭਕਾਮਨਾਵਾਂ ਦਿੱਤੀਆਂ।

ਦਾਣਾ ਮੰਡੀ ਕਪੂਰਥਲਾ ਵਿਚ ਖ਼ਰੀਦੇ ਹੋਏ ਝੋਨੇ ਦੀ ਚੁਕਾਈ ਕਰਦੇ ਹੋਏ ਮਜ਼ਦੂਰ। ਤਸਵੀਰ. ਤਿਲਕਰਾਜ

ਝੋਨੇ ਦੀ ਖ਼ਰੀਦ 3 ਲੱਖ ਮੀਟ੍ਰਿਕ ਟਨ ਤੋਂ ਹੋਈ ਪਾਰ-ਕਿਸਾਨਾਂ ਨੂੰ 673.48 ਕਰੋੜ ਦੀ ਕੀਤੀ ਅਦਾਇਗੀ

ਕਪੂਰਥਲਾ, 19 ਅਕਤੂਬਰ (ਸਡਾਨਾ)-ਜ਼ਿਲ੍ਹੇ ਵਿਚ ਝੋਨੇ ਦੀ ਖ਼ਰੀਦ ਦਾ ਕੰਮ ਸੁਚਾਰੂ ਢੰਗ ਨਾਲ ਜਾਰੀ ਹੈ ਤੇ ਹੁਣ ਤੱਕ 3 ਲੱਖ 8561 ਮੀਟਰਿਕ ਟਨ ਝੋਨੇ ਦੀ ਖ਼ਰੀਦ ਕੀਤੀ ਜਾ ਚੁੱਕੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਅਮਿੱਤ ਕੁਮਾਰ ਪੰਚਾਲ ਨੇ ਦੱਸਿਆ ਕਿ ਮੰਡੀਆਂ ਵਿਚ ਝੋਨੇ ਦੀ ਖ਼ਰੀਦ ਸਬੰਧੀ ਪੂਰੇ ਇੰਤਜ਼ਾਮ ਕੀਤੇ ਗਏ ਹਨ ਤੇ ਝੋਨੇ ਦੀ ਖ਼ਰੀਦ ਦਾ ਕੰਮ ਨਿਰਵਿਘਨ ਚੱਲ ਰਿਹਾ ਹੈ। ਉਨ੍ਹਾਂ ਦੱਸਿਆ ਕਿ ਰੋਜ਼ਾਨਾ ਕਰੀਬ 30 ਹਜ਼ਾਰ ਮੀਟਰਿਕ ਟਨ ਝੋਨੇ ਦੀ ਆਮਦ ਹੋ ਰਹੀ ਹੈ ਤੇ ਉਸ ਦੀ ਖ਼ਰੀਦ ਵੀ ਨਾਲੋਂ ਨਾਲ ਹੀ ਕਰਵਾਈ ਜਾ ਰਹੀ ਹੈ ਤਾਂ ਜੋ ਕਿਸਾਨਾਂ ਨੂੰ ਮੰਡੀਆਂ ਵਿਚ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਝੋਨੇ ਦੀ ਖ਼ਰੀਦ ਸਬੰਧੀ ਹੁਣ ਤੱਕ 673.48 ਕਰੋੜ ਰੁਪਏ ਦੀ ਅਦਾਇਗੀ ਕਿਸਾਨਾਂ ਨੂੰ ਨਿਰਧਾਰਿਤ ਸਮੇਂ ਵਿਚ ਉਨ੍ਹਾਂ ਦੇ ਬੈਂਕ ਖਾਤਿਆਂ ਵਿਚ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਖ਼ਰੀਦੇ ਗਏ ਝੋਨੇ ਵਿਚੋਂ ਹੁਣ ਤੱਕ 243483.78 ਮੀਟਰਿਕ ਟਨ ਝੋਨੇ ਦੀ ਚੁਕਾਈ ਵੀ ਹੋ ਚੁੱਕੀ ਹੈ। ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਵਲੋਂ ਨਿਰਧਾਰਿਤ ਮਾਪਦੰਡਾਂ ਅਨੁਸਾਰ ਹੀ ਝੋਨਾ ਸੁਕਾ ਕੇ ਮੰਡੀ ਵਿਚ ਲਿਆਉਣ ਤਾਂ ਜੋ ਖ਼ਰੀਦ ਸਮੇਂ ਕਿਸੇ ਵੀ ਤਰ੍ਹਾਂ ਦੀ ਪ੍ਰੇਸ਼ਾਨੀ ਨਾ ਆਵੇ।

ਦੀਵਾਲੀ ਅਤੇ ਬੰਦੀ ਛੋੜ ਦਿਵਸ 'ਤੇ ਭੁਲੱਥ ਵਿਸ਼ੇਸ਼ ਸਪਲੀਮੈਂਟ

ਧੰਨਵਾਦ

ਭੁਲੱਥ ਸਪਲੀਮੈਂਟ ਕੱਢਣ 'ਤੇ ਸਹਿਯੋਗ ਦੇਣ ਵਾਲੇ ਰਾਜਨੀਤਿਕ, ਧਾਰਮਿਕ, ਸਮਾਜਿਕ, ਸਿੱਖਿਆ ਸੰਸਥਾਵਾਂ ਤੇ ਸਹਿਯੋਗੀ ਸੱਜਣਾਂ ਦਾ ਮੈਂ ਦਿਲੋਂ ਧੰਨਵਾਦ ਕਰਦਾ ਹਾਂ ਤੇ ਆਸ ਕਰਦਾ ਹਾਂ ਕਿ ਅੱਗੇ ਤੋਂ ਵੀ ਮੈਨੂੰ ਆਪ ਸਭ ਜੀ ਵਲੋਂ ਇਸੇ ਤਰ੍ਹਾਂ ਸਹਿਯੋਗ ਮਿਲਦਾ ਰਹੇਗਾ ਤੇ ਮੈਂ ਅਦਾਰਾ ਅਜੀਤ ਵਿਚ ਅਜੀਤ ਦੇ ਪ੍ਰਬੰਧਕਾਂ ਦੇ ਸਹਿਯੋਗ ਨਾਲ ਹਲਕਾ ਭੁਲੱਥ ਦੀ ਆਵਾਜ਼ ਲੋਕਾਂ ਤੱਕ ਪਹੁੰਚਾਉਂਦਾ ਰਹਾਂਗਾ।

ਮਨਜੀਤ ਸਿੰਘ ਰਤਨ
ਪ੍ਰਤੀਨਿਧ ਭੁਲੱਥ, ਕਪੂਰਥਲਾ। ਮੋਬਾ: 98728-44271

ਕੈਪਟਨ ਬਲਵੀਰ ਸਿੰਘ ਪ੍ਰਧਾਨ

ਕੈਪਟਨ ਬਲਵੀਰ ਸਿੰਘ ਪ੍ਰਧਾਨ ਅਤੇ ਕੈਪਟਨ ਜੋਗਾ ਸਿੰਘ ਸੀਨੀਅਰ ਮੀਤ ਪ੍ਰਧਾਨ ਇੰਡੀਅਨ ਐਕਸ ਸਰਵਿਸ ਲੀਗ ਤਹਿਸੀਲ ਭੁਲੱਥ ਦੇ ਸਮੂਹ ਸਾਬਕਾ ਸੈਨਿਕਾਂ ਵਲੋਂ ਬੰਦੀ ਛੋੜ �ਿਵਸ ਅਤੇ ਦੀਵਾਲੀ ਦੀਆਂ **ਸ਼ੁੱਭ ਕਾਮਨਾਵਾਂ !**

ਕੈਪਟਨ ਜੋਗਾ ਸਿੰਘ ਸੀਨੀਅਰ ਮੀਤ ਪ੍ਰਧਾਨ

ਬੰਦੀ ਛੋੜ ਦਿਵਸ ਤੇ ਦੀਵਾਲੀ ਦੇ ਸ਼ੁੱਭ ਦਿਹਾੜੇ 'ਤੇ ਹਲਕਾ ਭੁਲੱਥ ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਪੱਤਰਕਾਰ ਮਨਜੀਤ ਸਿੰਘ ਤੇ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈ ਦਿੰਦੇ ਹਾਂ।

ਭੁਲੱਥ ਇਲਾਕੇ ਦੀ ਸਿਰਮੌਰ ਨਿਰੋਲ ਧਾਰਮਿਕ ਸੰਸਥਾ ਜੇ.ਐਮ.ਡੀ. ਸੇਵਾਦਾਰ ਪਰਿਵਾਰ ਭੁਲੱਥ।

ਬੰਦੀ ਛੋੜ ਦਿਵਸ ਤੇ ਦੀਵਾਲੀ ਦੇ ਸ਼ੁੱਭ ਦਿਹਾੜੇ 'ਤੇ ਹਲਕਾ ਭੁਲੱਥ ਦਾ ਵਿਸ਼ੇਸ਼ ਸਪਲੀਮੈਂਟ ਕੱਢਣ ਤੇ ਮੈਂ ਪੱਤਰਕਾਰ ਮਨਜੀਤ ਸਿੰਘ ਤੇ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈ ਦਿੰਦਾ ਹਾਂ।

ਵਲੋਂ-ਸਤਵਿੰਦਰ ਸਿੰਘ ਨਸੀਬ
ਸਾਬਕਾ ਸਰਪੰਚ ਖੱਸਣ (ਕਪੂਰਥਲਾ)

ਸਤਵਿੰਦਰ ਸਿੰਘ ਨਸੀਬ ਸਾਬਕਾ ਸਰਪੰਚ ਖੱਸਣ

ਬੰਦੀ ਛੋੜ ਦਿਵਸ ਤੇ ਦੀਵਾਲੀ ਦੇ ਸ਼ੁੱਭ ਦਿਹਾੜੇ 'ਤੇ ਹਲਕਾ ਭੁਲੱਥ ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਅਸੀਂ ਅਦਾਰਾ ਅਜੀਤ ਤੇ ਪੱਤਰਕਾਰ ਮਨਜੀਤ ਸਿੰਘ ਰਤਨ ਤੇ ਸਮੂਹ ਸੰਗਤਾਂ ਨੂੰ ਵਧਾਈ ਦਿੰਦੇ ਹਾਂ।

ਐਵਰਗ੍ਰੀਨ ਡੇ ਬੋਰਡਿੰਗ ਸਕੂਲ ਖੱਸਣ

ਅਸੀਂ ਬੱਚਿਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕਰਦੇ ਹੋਏ ਅਰਦਾਸ ਕਰਦੇ ਹਾਂ ਕਿ ਪ੍ਰਮਾਤਮਾ ਸਭ ਨੂੰ ਤੰਦਰੁਸਤ ਰੱਖੇ।

ਬਲਵਿੰਦਰ ਸਿੰਘ ਚੀਮਾ

ਬਲਵਿੰਦਰ ਸਿੰਘ ਚੀਮਾ, ਮੈਨੇਜਿੰਗ ਡਾਇਰੈਕਟਰ, ਸੰਪਰਕ : 94174-15044

ਪ੍ਰਿੰਸੀਪਲ ਸੋਨੂੰ ਸ਼ਰਮਾ

ਅਕਾਲ ਅਕੈਡਮੀ
ਰਾਏਪੁਰ ਪੀਰ ਬਖਸ਼ ਵਾਲਾ

ਅਕਾਲ ਅਕੈਡਮੀ ਰਾਏਪੁਰ ਪੀਰ ਬਖਸ਼ ਵਾਲਾ ਇਕ ਵਿਲੱਖਣ ਵਿੱਦਿਅਕ ਅਦਾਰਾ ਹੈ, ਜਿਸ ਦਾ ਮੁੱਖ ਉਦੇਸ਼ ਵਿਦਿਆਰਥੀਆਂ ਦਾ ਸਰਬਪੱਖੀ ਵਿਕਾਸ ਕਰਨਾ ਹੈ। ਇਹ ਸੰਸਥਾ ਵਿਦਿਆਰਥੀਆਂ ਨੂੰ ਆਧੁਨਿਕ, ਵਿਗਿਆਨਿਕ ਅਤੇ ਬੌਧਿਕ ਗਿਆਨ ਦੇ ਨਾਲ-ਨਾਲ ਅਧਿਆਤਮਿਕ ਵਿੱਦਿਆ ਵੀ ਪ੍ਰਦਾਨ ਕਰਦੀ ਹੈ, ਤਾਂ ਜੋ ਉਹ ਜੀਵਨ ਦੇ ਹਰ ਖੇਤਰ ਵਿਚ ਸੰਤੁਲਿਤ ਅਤੇ ਸੰਵੇਦਨਸ਼ੀਲ ਨਾਗਰਿਕ ਬਣ ਸ